# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :19-12-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- **ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ, ਵਿਕਸਿਤ ਭਾਰਤ ਜੀ ਰਾਮ ਜੀ ਬਿੱਲ ਸਮੇਤ ਕਈ ਮਹੱਤਵਪੂਰਨ ਬਿੱਲਾਂ ਦੇ ਪਾਸ ਹੋਣ ਨਾਲ ਸਮਾਪਤ ਹੋਇਆ।**
- **ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਦਾ ਕਹਿਣਾ ਏ ਕਿ ਪੇਡਾ ਵੱਲੋਂ ਖੇਤੀਬਾੜੀ ਰਹਿੰਦ-ਖੂੰਹਦ ਅਤੇ ਸੂਰਜੀ ਊਰਜਾ ਦੀ ਵਰਤੋਂ ਜ਼ਰੀਏ ਪੰਜਾਬ ਨੂੰ ਬਿਹਤਰ ਭਵਿੱਖ ਵੱਲ ਲਿਜਾਇਆ ਜਾ ਰਿਹਾ ਏ ।**
- **ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਸਮਾਜਿਕ ਸੁਰੱਖਿਆ ਸਕੀਮਾਂ ਅਧੀਨ ਸਾਲ 2025 ਦੌਰਾਨ ਸੂਬੇ ਚ 6175 ਕਰੋੜ ਰੁਪਏ ਦੀ ਬਜਟ ਵੰਡ ਕੀਤੀ ਗਈ ਏ।**

- **ਫਰੀਦਕੋਟ ਪੁਲਿਸ ਵੱਲੋ ਡਰੱਗ-ਅਸਲਾ ਮਡਿਊਲ ਦਾ ਕੀਤਾ ਪਰਦਾਫਾਸ, ਨਜਾਇਜ਼ ਅਸਲੇ ਅਤੇ ਹੈਰੋਇਨ ਸਮੇਤ 2 ਮੁਲਜੀਮਾ ਨੂੰ ਕੀਤਾ ਗ੍ਰਿਫਤਾਰ.**
- **ਸੰਘਣੀ ਧੁੰਦ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰੇਲਗੱਡੀਆਂ ਦੀ ਆਵਾਜਾਈ ਵਿੱਚ ਵਿਘਨ ਪਿਆ ਏ । ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਉਡਾਣਾਂ ਪ੍ਰਭਾਵਿਤ ਹੋਣ ਦੀ ਵੀ ਸੰਭਾਵਨਾ.**
- **ਕ੍ਰਿਕੇਟ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਪੰਜਵਾਂ ਅਤੇ ਆਖਰੀ twenty -20 ਅੰਤਰਰਾਸ਼ਟਰੀ ਮੈਚ ਅੱਜ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ।**

**---------------------------------------------------------------------------------**

ਸੰਸਦ ਦਾ ਸਰਦੀਆਂ ਦੀ ਰੁੱਤ ਦਾ ਇਜਲਾਸ, ਅੱਜ ਵਿਕਸਿਤ ਭਾਰਤ - ਜੀ ਰਾਮ ਜੀ ਸਮੇਤ ਕਈ ਮਹੱਤਵਪੂਰਨ ਬਿੱਲਾਂ ਦੇ ਪਾਸ ਹੋਣ ਨਾਲ ਖ਼ਤਮ ਹੋ ਗਿਆ ਏ। ਇਹ ਇਜਲਾਸ ਪਹਿਲੀ ਦਸੰਬਰ ਨੂੰ ਸ਼ੁਰੂ ਹੋਇਆ ਸੀ। ਇਜਲਾਸ ਦੌਰਾਨ, ਲੋਕ ਸਭਾ ਅਤੇ ਰਾਜ ਸਭਾ ਨੇ ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਅਤੇ ਚੋਣ ਸੁਧਾਰਾਂ 'ਤੇ ਵਿਸ਼ੇਸ਼ ਚਰਚਾ ਕੀਤੀ। ਇਸ ਦੌਰਾਨ ਕਈ ਮਹੱਤਵਪੂਰਨ ਬਿੱਲ ਵੀ ਪਾਸ ਕੀਤੇ

ਗਏ, ਜਿਨ੍ਹਾਂ ਵਿੱਚ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ ਗਰੰਟੀ (ਗ੍ਰਾਮੀਣ) : ਜੀ ਰਾਮ ਜੀ ਬਿੱਲ ਵੀ ਸ਼ਾਮਲ ਏ। ਇਹ ਬਿੱਲ 20 ਸਾਲ ਪੁਰਾਣੇ ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਰੰਟੀ ਕਾਨੂੰਨ, 2005 ਦੀ ਥਾਂ ਲਿਆਂਦਾ ਗਿਆ ਏ। ਇਹ ਬਿੱਲ, ਹੁਣ ਹਰ ਮਾਲੀ ਸਾਲ ਵਿੱਚ ਹਰੇਕ ਦਿਹਾਤੀ ਪਰਿਵਾਰ ਨੂੰ 100 ਦਿਨਾਂ ਦੀ ਬਜਾਏ, 125 ਦਿਨ ਰੁਜ਼ਗਾਰ ਪ੍ਰਦਾਨ ਕਰੇਗਾ। ਸੰਸਦ ਨੇ ਪਰਮਾਣੂ ਊਰਜਾ ਦੀ ਨਿਰੰਤਰ ਵਰਤੋਂ ਅਤੇ ਵਿਕਾਸ - ਸ਼ਾਂਤੀ ਬਿੱਲ, 2025 ਅਤੇ Sabka Bima - Sabki Surakhsha - ਬੀਮਾ ਕਾਨੂੰਨਾਂ ਵਿੱਚ ਸੋਧ ਬਿੱਲ, 2025 ਨੂੰ ਵੀ ਮਨਜ਼ੂਰੀ ਦਿੱਤੀ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਆਪਣੇ ਸਮਾਪਤੀ ਭਾਸ਼ਣ ਵਿੱਚ ਕਿਹਾ ਕਿ, ਸਦਨ ਵਿੱਚ ਲਗਭਗ 111 ਫ਼ੀਸਦੀ ਕੰਮਕਾਜ ਹੋਇਆ। BYTE : OM ਬਿਰਲਾ (20 SEC) ਰਾਜ ਸਭਾ ਦੇ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਆਪਣੇ ਸਮਾਪਤੀ ਭਾਸ਼ਣ ਵਿੱਚ ਕਿਹਾ ਕਿ ਸਦਨ ਲਗਭਗ 92 ਘੰਟੇ ਚੱਲਿਆ ਅਤੇ 121 ਫ਼ੀਸਦੀ ਕੰਮਕਾਜ ਹੋਇਆ। ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਇਜਲਾਸ ਦੌਰਾਨ, 59 ਨਿੱਜੀ ਬਿੱਲ ਪੇਸ਼ ਕੀਤੇ ਗਏ। ਸਭਾਪਤੀ ਨੇ ਕਿਹਾ ਕਿ ਇਸ ਇਜਲਾਸ ਨੂੰ ਇਤਿਹਾਸਕ ਅਤੇ ਲੋਕਰਾਜੀ ਮਹੱਤਵ ਦੇ ਮੁੱਦਿਆਂ 'ਤੇ ਉੱਚ-ਗੁਣਵੱਤਾ ਵਾਲੀਆਂ ਬਹਿਸਾਂ ਅਤੇ ਵਿਚਾਰ-ਵਟਾਂਦਰੇ ਲਈ ਯਾਦ ਕੀਤਾ ਜਾਵੇਗਾ।

---------------------------------------------------------

ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਸਾਲ 2025 ਦੌਰਾਨ ਨਵਿਆਉਣਯੋਗ ਖੇਤਰ ਵਿੱਚ ਹੋਈ ਬੇਮਿਸਾਲ ਪ੍ਰਗਤੀ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਖੇਤੀ ਰਹਿੰਦ-ਖੂੰਹਦ ਅਤੇ ਸੂਰਜੀ ਊਰਜਾ ਦੀ ਵਰਤੋਂ ਜ਼ਰੀਏ ਪੰਜਾਬ ਨੂੰ ਬਿਹਤਰ ਭਵਿੱਖ ਵੱਲ ਲਿਜਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਹੁਣ ਸੂਰਜ ਤੋਂ ਘਰਾਂ ਅਤੇ ਖੇਤਾਂ ਨੂੰ ਊਰਜਾ ਮਿਲ ਰਹੀ ਏ ਤੇ ਖੇਤੀਬਾੜੀ ਰਹਿੰਦ-ਖੂੰਹਦ ਤੋਂ ਸਾਫ਼-ਸੁਥਰੇ ਈਂਧਣ ਵਜੋਂ ਕੰਮ ਲਿਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪੇਡਾ ਨੇ ਆਪਣੀਆਂ ਵਿਕਾਸ-ਮੁਖੀ ਨੀਤੀਆਂ ਨਾਲ ਪੰਜਾਬ ਦੇ ਨਿਰੰਤਰ ਰਹਿਣ ਯੋਗ ਭਵਿੱਖ ਦੀ ਸਿਰਜਣਾ ਵੱਲ ਇੱਕ ਵੱਡੀ ਪੁਲਾਂਘ ਪੁੱਟੀ ਏ । ਪੇਡਾ ਨੇ ਖੇਤੀਬਾੜੀ ਖੇਤਰ ਨੂੰ ਕਾਰਬਨ ਮੁਕਤ ਕਰਨ ਲਈ ਬਠਿੰਡਾ ਜ਼ਿਲ੍ਹੇ ਦੇ ਪੀਰਕੋਟ ਫੀਡਰ 'ਤੇ ਸੋਲਰ ਗਰਿੱਡ-ਨਾਲ ਜੁੜੇ 16 ਖੇਤੀਬਾੜੀ ਪੰਪ ਵੀ ਲਾਏ ਗਏ ਨੇ ਅਤੇ 4 ਹੋਰ ਪੰਪ ਕਾਇਮ ਕੀਤੇ ਜਾ ਰਹੇ ਨੇ. ਇਸਦੇ ਨਾਲ ਹੀ ਪੇਡਾ ਨੇ ਰਾਜ ਭਰ ਵਿੱਚ ਵੱਖ-ਵੱਖ ਥਾਵਾਂ 'ਤੇ ਪਾਣੀ ਦੇ 4, ਹਜ਼ਾਰ 850 ਆਫ-ਗਰਿੱਡ ਸਟੈਂਡਅਲੋਨ ਸੂਰਜੀ ਪੰਪ ਵੀ ਲਾਏ ਗਏ ਨੇ. ਇਸ ਤੋਂ ਇਲਾਵਾ ਆਦਰਸ਼ ਸੂਰਜੀ ਪਿੰਡ ਯੋਜਨਾ ਤਹਿਤ ਸਵੈ-ਨਿਰਭਰ ਊਰਜਾ ਕੇਂਦਰ ਵਿੱਚ ਬਦਲਣ ਲਈ 277 ਪਿੰਡਾਂ ਦੀ ਪਛਾਣ ਕੀਤੀ ਗਈ ਏ । 4,169 ਤੋਂ

ਵੱਧ ਸੋਲਰ ਸਟਰੀਟ ਲਾਈਟਾਂ 299 ਪਿੰਡਾਂ ਨੂੰ ਰੌਸ਼ਨ ਕਰਦੀਆਂ ਨੇ. ਮੰਤਰੀ ਨੇ ਇਹ ਵੀ ਕਿਹਾ ਕਿ ਇਸ ਤੋਂ ਇਲਾਵਾ 65 ਪਿੰਡਾਂ ਵਿੱਚ ਹੋਰ 1,221 ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾ ਰਹੀਆਂ ਨੇ. ਖੇਤੀਬਾੜੀ ਦੇ ਸੰਬੰਧ ‘ਚ ਕੈਬਨਿਟ ਮੰਤਰੀ ਨੇ ਕਿਹਾ ਕਿ 822 ਟਨ ਸੀਬੀਜੀ ਪ੍ਰਤੀ ਦਿਨ ਦੀ ਕੁੱਲ ਸਮਰੱਥਾ ਵਾਲੇ 57 ਕੰਪ੍ਰੈਸਡ ਬਾਇਓਗੈਸ (ਸੀਬੀਜੀ) ਪ੍ਰੋਜੈਕਟ ਅਲਾਟ ਕੀਤੇ ਗਏ ਨੇ. ਇਹ ਪ੍ਰੋਜੈਕਟ ਚਾਲੂ ਹੋਣ ਉਤੇ ਸਾਲਾਨਾ 27 ਲੱਖ ਟਨ ਤੋਂ ਵੱਧ ਪਰਾਲੀ ਦੀ ਖਪਤ ਕਰਨਗੇ। ਇਥੇ ਜ਼ਿਕਰ ਯੋਗ ਏ ਕਿ ਊਰਜਾ ਕੁਸ਼ਲਤਾ ਅਤੇ ਗਰੀਨ ਊਰਜਾ ਖੇਤਰ ਵਿੱਚ ਪੇਡਾ ਦੇ ਯਤਨਾਂ ਨੂੰ ਰਾਸ਼ਟਰੀ ਪੱਧਰ 'ਤੇ ਮਾਨਤਾ ਮਿਲੀ ਏ । ਉਨ੍ਹਾਂ ਕਿਹਾ ਕਿ ਐਨ ਈ ਸੀ ਏ 2025 ਤਹਿਤ ਸਟੇਟ ਪਰਫਾਰਮੈਂਸ ਐਵਾਰਡ (ਗਰੁੱਪ-3) ਵਿੱਚ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਹੱਥੋਂ ਪੇਡਾ ਨੂੰ ਦੂਜੇ ਐਵਾਰਡ ਨਾਲ ਸਨਮਾਨ ਹਾਸਲ ਹੋਇਆ ਏ ।

---------------------------------------------------

ਪੰਜਾਬ ਵਿਧਾਨ ਸਭਾ ਦੀ ਕਾਰਵਾਈ ਨੂੰ ਸੰਕੇਤਿਕ ਭਾਸ਼ਾ ਵਿੱਚ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਚੁਕਿਆ ਏ. ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹੈ ਕਿ ਇਸ ਉਪਰਾਲੇ ਨਾਲ ਬੋਲਣ ਅਤੇ ਸੁਣਨ

ਵਿੱਚ ਅਸਮਰਥ ਵਿਅਕਤੀ ਲੋਕਤੰਤਰਕੀ ਪ੍ਰਕਿਰਿਆ ਨਾਲ ਜੁੜ ਸਕਣਗੇ. ਇਸ ਸਬੰਧੀ 1 ਸਾਇਨ ਲੈਂਗੁਏਜ ਇੰਟਰਪ੍ਰੇਟਰ, 42 ਸਪੈਸ਼ਲ ਐਜੂਕੇਟਰ ਅਤੇ 48 ਅਨੁਵਾਦਕ ਇੰਪੈਨਲ ਕੀਤੇ ਗਏ ਨੇ. ਓਹਨਾਂ ਇਹ ਵੀ ਦੱਸਿਆ ਕਿ ਸਮਾਜਿਕ ਸੁਰੱਖਿਆ ਸਕੀਮਾਂ ਅਧੀਨ ਸਾਲ 2025 ਦੌਰਾਨ ਸੂਬੇ ਚ 6175 ਕਰੋੜ ਰੁਪਏ ਦੀ ਬਜਟ ਵੰਡ ਕੀਤੀ ਗਈ ਏ, ਜਿਸ ਵਿੱਚੋਂ ਨਵੰਬਰ 2025 ਤੱਕ 4 ਹਜ਼ਾਰ 683 ਕਰੋੜ ਰੁਪਏ ਤੋਂ ਵਧ ਦੀ ਰਕਮ ਬੁਢਾਪਾ ਪੈਨਸ਼ਨ ਅਤੇ ਹੋਰ ਮਾਲੀ ਸਹਾਇਤਾ ਸਕੀਮਾਂ ਤਹਿਤ ਜਾਰੀ ਕੀਤੀ ਜਾ ਚੁੱਕੀ ਏ । ਉਨ੍ਹਾਂ ਕਿਹਾ ਕਿ ਇਸ ਸਮੇਂ 35 ਲੱਖ 29 ਹਜ਼ਾਰ 216 ਲਾਭਪਾਤਰੀਆਂ ਨੂੰ ਨਿਰੰਤਰ ਮਾਲੀ ਸਹਾਇਤਾ ਮਿਲ ਰਹੀ ਏ. ਡਾ. ਬਲਜੀਤ ਕੌਰ ਨੇ ਇਹ ਵੀ ਕਿਹਾ ਕਿ ਸੂਬੇ ਵਿੱਚੋਂ ਬਾਲ ਭਿੱਖਿਆ ਨੂੰ ਜੜ੍ਹੋਂ ਖਤਮ ਕਰਨ ਲਈ

ਤਹਿਤ ਹੁਣ ਤੱਕ 766 ਬੱਚਿਆਂ ਨੂੰ ਭੀਖ ਮੰਗਣ ਤੋਂ ਰੈਸਕਿਊ ਕਰਕੇ ਉਨ੍ਹਾਂ ਦੀ ਸਿੱਖਿਆ ਅਤੇ ਮੁੜ ਵਸੇਬੇ ਲਈ ਠੋਸ ਕਦਮ ਚੁੱਕੇ ਗਏ ਨੇ. ਡਾ. ਬਲਜੀਤ ਕੌਰ ਨੇ ਕਿਹਾ ਕਿ ਮੋਹਾਲੀ, ਜਲੰਧਰ ਅਤੇ ਅੰਮ੍ਰਿਤਸਰ ਵਿੱਚ ਲਗਭਗ 150 ਕਰੋੜ ਰੁਪਏ ਦੀ ਲਾਗਤ ਨਾਲਕੰਮਕਾਜੀ ਔਰਤਾਂ ਲਈ 5 ਹੋਸਟਲ ਬਣਾਏ ਜਾਣਗੇ, ਜਿਨ੍ਹਾਂ ਦੀ ਉਸਾਰੀ 2026 ਤੱਕ ਪੂਰੀ ਕਰਨ ਦਾ ਟੀਚਾ ਏ।

---------------------------------------------------

ਫਰੀਦਕੋਟ ‘ਚ ਸੀ.ਆਈ.ਏ ਸਟਾਫ ਜੈਤੋ ਵੱਲੋਂ ਇੱਕ ਡਰੱਗ-ਅਸਲਾ ਮਡਿਊਲ ਵਿੱਚ ਸ਼ਾਮਿਲ 2 ਮੁਲਜੀਮਾ ਨੂੰ ਇੱਕ ਨਜਾਇਜ ਅਸਲੇ ਅਤੇ 10 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਏ। ਗ੍ਰਿਫ਼ਤਾਰ ਮੁਲਜੀਮਾ ਦੀ ਪਛਾਣ ਪ੍ਰੀਤ ਸਿੰਘ ਉਰਫ ਗਗਨਦੀਪ ਅਤੇ ਅਰਬਾਜ ਖਾਨ ਉਰਫ ਨਿੱਕਾ ਵਜੋ ਹੋਈ ਏ, ਜੋ ਕਿ ਫਰੀਦਕੋਟ ਜਿਲ੍ਹੇ ਦੇ ਜੈਤੋ ਇਲਾਕੇ ਦੀ ਸਾਦਾ ਪੱਤੀ ਦੇ ਰਹਿਣ ਵਾਲੇ ਨੇ. ਪੁਲਿਸ ਪਾਰਟੀ ਵੱਲੋਂ ਮੁਲਜ਼ਮਾਂ ਪਾਸੋਂ ਇੱਕ ਦੁਪਹੀਆ ਵੀ ਕਬਜੇ ਵਿੱਚ ਲਿਆ ਗਿਆ ਏ। ਜਾਣਕਾਰੀ ਮੁਤਾਬਿਕ ਇਹਨਾਂ ਦੋਵਾਂ ਵਿਅਕਤੀਆਂ ਦੀ ਪੁਲਿਸ ਪਾਰਟੀ ਵੱਲੋਂ ਸ਼ੱਕ ਦੇ ਬਿਨਾਅ ‘ਤੇ ਤਲਾਸ਼ੀ ਲਈ ਗਈ ਤਾਂ ਇਹਨਾਂ ਪਾਸੋ 10 ਗ੍ਰਾਮ ਹੋਰੋਇਨ ਅਤੇ 1 ਦੇਸੀ ਪਿਸਤੌਲ 32 ਬੋਰ ਸਮੇਤ 2 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਨੇ।

---------------------------------------------------

ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਚੜਦਾ ਸੂਰਜ ਅਭਿਆਨ ਤਹਿਤ ਇੱਕ ਪ੍ਰੇਰਨਾਦਾਇਕ ਅਤੇ ਅਗਾਂਹਵਧੂ ਪਹਿਲਕਦਮੀ ਸ਼ੁਰੂ ਕੀਤੀ ਏ।

ਇਸ ਮੁਹਿੰਮ ਦਾ ਉਦੇਸ਼, 600 ਹੋਣਹਾਰ ਵਿਦਿਆਰਥੀਆਂ  ਦੇ ਘਰਾਂ 'ਤੇ ਮੁਫ਼ਤ ਸੋਲਰ ਸਿਸਟਮ ਲਗਾਉਣਾ ਏ। ਇਸ ਪਹਿਲਕਦਮੀ ਵਿੱਚ, ਵਿਸ਼ੇਸ਼ ਤੌਰ 'ਤੇ ਦਿਵਯਾਂਗ ਨੌਜਵਾਨਾਂ ਲਈ ਰੁਜ਼ਗਾਰ ਅਤੇ ਦਿਹਾਤੀ ਔਰਤਾਂ ਲਈ ਰੋਜ਼ੀ-ਰੋਟੀ ਪੈਦਾ ਕਰਨਾ ਵੀ ਸ਼ਾਮਲ ਏ। ਜ਼ਿਲ੍ਹੇ ਵਿੱਚ ਕੰਮ ਕਰ ਰਹੀਆਂ ਪ੍ਰਮੁੱਖ ਗੈਰ-ਸਰਕਾਰੀ ਸੰਸਥਾਵਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ੋਰ ਦੇ ਕੇ ਕਿਹਾ ਕਿ ਨਿਰੰਤਰ ਰਹਿਣਯੋਗ ਵਿਕਾਸ ਤਾਂ ਹੀ ਸੰਭਵ ਏ, ਜਦੋਂ ਪ੍ਰਸ਼ਾਸਨ ਅਤੇ ਸਮਾਜ ਇਕੱਠੇ ਅੱਗੇ ਵਧਣ। ।

---------------------------------------------------------

ਭਾਰਤੀ ਰੇਲਵੇ ਨੇ ਸਪੱਸ਼ਟ ਕੀਤਾ ਏ ਕਿ ਜੋ ਮੁਸਾਫ਼ਿਰ ਡਿਜੀਟਲ ਤੌਰ 'ਤੇ ਅਣ ਰਾਖਵੀਆਂ ਟਿਕਟਾਂ ਬੁੱਕ ਕਰਦੇ ਨੇ, ਉਹ ਤਸਦੀਕ ਦੌਰਾਨ ਬੁਕਿੰਗ ਲਈ ਵਰਤੇ ਗਏ ਉਸੇ ਮੋਬਾਈਲ ਫੋਨ 'ਤੇ ਟਿਕਟ ਦਿਖਾ ਸਕਦੇ ਨੇ, ਅਤੇ ਪ੍ਰਿੰਟਆਊਟ ਦੀ ਲੋੜ ਨਹੀਂ ਏ। ਇਹ ਸਪੱਸ਼ਟੀਕਰਨ ਮੀਡੀਆ ਖਬਰਾਂ ਵਿੱਚ ਇਹ ਦਾਅਵਾ ਕੀਤੇ ਜਾਣ ਤੋਂ ਬਾਅਦ ਆਇਆ ਏ ਕਿ ਭਾਰਤੀ ਰੇਲਵੇ ਨੇ ਅਣ ਰਾਖਵੀਆਂ ਰੇਲ ਟਿਕਟਾਂ ਦੀ ਇੱਕ ਪ੍ਰਿੰਟ ਕੀਤੀ ਕਾਪੀ ਆਪਣੇ ਨਾਲ ਰੱਖਣਾ ਲਾਜ਼ਮੀ ਕਰ ਦਿੱਤਾ ਏ।

---------------------------------------------------------

ਸੰਘਣੀ ਧੁੰਦ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵਿਜ਼ੀਬਿਲਿਟੀ ਘੱਟ ਹੋਣ ਭਾਵ ਦਿਖਾਈ ਘੱਟ ਦੇਣ ਕਰਕੇ ਕਈ ਰੇਲਗੱਡੀਆਂ ਦੀ ਆਵਾਜਾਈ ਵਿੱਚ ਵਿਘਨ ਪਿਆ ਏ । ਭਾਰਤੀ ਰੇਲਵੇ ਮੁਤਾਬਿਕ 60 ਰੇਲਗੱਡੀਆਂ ਪੰਜ ਘੰਟੇ ਤੱਕ ਦੇਰੀ ਨਾਲ ਚੱਲ ਰਹੀਆਂ ਨੇ।

ਇਸ
ਦੌਰਾਨ ਸਿਵਿਲ ਹਵਾਬਾਜ਼ੀ ਬਾਰੇ ਮੰਤਰਾਲੇ ਨੇ ਅੱਜ ਕਿਹਾ ਏ ਕਿ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਧੁੰਦ ਦੀ ਸਥਿਤੀ ਦੇ ਕਾਰਨ, ਉਡਾਣਾ ਪ੍ਰਭਾਵਿਤ ਹੋ ਸਕਦੀਆਂ ਨੇ. ਇੱਕ ਸਲਾਹ ਵਿੱਚ, ਮੰਤਰਾਲੇ ਨੇ ਮੁਸਾਫ਼ਿਰਾਂ ਨੂੰ ਆਪਣੀਆਂ ਏਅਰਲਾ ਈਨਾਂ ਨਾਲ ਸੰਪਰਕ ਵਿੱਚ ਰਹਿਣ, ਅਪਡੇਟਸ ਲਈ ਅਧਿਕਾਰਤ ਪਲੇਟ ਫਾਰਮਾਂ ਦੀ ਜਾਂਚ ਕਰਨ ਅਤੇ ਯਾਤਰਾ ਲਈ ਵਾਧੂ ਸਮਾਂ ਲੈ ਕੇ ਚਲਣ ਦੀ ਬੇਨਤੀ ਕੀਤੀ ਏ । ਇਸ ਵਿੱਚ ਕਿਹਾ ਗਿਆ ਏ ਕਿ ਮੁਸਾਫ਼ਿਰਾਂ ਦੀ ਸਹਾਇਤਾ ਲਈ ਹਵਾਈ ਅੱਡਿਆਂ 'ਤੇ ਮੁਸਾਫ਼ਿਰ ਸਹੂਲਤ ਟੀਮਾਂ ਉਪਲ ਬਧ ਨੇ.

---------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਪੰਜਵਾਂ ਅਤੇ ਆਖਰੀ twenty -20 ਅੰਤਰਰਾਸ਼ਟਰੀ ਮੈਚ ਅੱਜ

ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਏਗਾ.

**-----------------------------------------------------------------------**

- **ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ, ਵਿਕਸਿਤ ਭਾਰਤ ਜੀ ਰਾਮ ਜੀ ਬਿੱਲ ਸਮੇਤ ਕਈ ਮਹੱਤਵਪੂਰਨ ਬਿੱਲਾਂ ਦੇ ਪਾਸ ਹੋਣ ਨਾਲ ਸਮਾਪਤ ਹੋਇਆ।**
- **ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਦਾ ਕਹਿਣਾ ਏ ਕਿ ਪੇਡਾ ਵੱਲੋਂ ਖੇਤੀਬਾੜੀ ਰਹਿੰਦ-ਖੂੰਹਦ ਅਤੇ ਸੂਰਜੀ ਊਰਜਾ ਦੀ ਵਰਤੋਂ ਜ਼ਰੀਏ ਪੰਜਾਬ ਨੂੰ ਬਿਹਤਰ ਭਵਿੱਖ ਵੱਲ ਲਿਜਾਇਆ ਜਾ ਰਿਹਾ ਏ ।**
- **ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਸਮਾਜਿਕ ਸੁਰੱਖਿਆ ਸਕੀਮਾਂ ਅਧੀਨ ਸਾਲ 2025 ਦੌਰਾਨ ਸੂਬੇ ਚ 6175 ਕਰੋੜ ਰੁਪਏ ਦੀ ਬਜਟ ਵੰਡ ਕੀਤੀ ਗਈ ਏ।**
- **ਫਰੀਦਕੋਟ ਪੁਲਿਸ ਵੱਲੋ ਡਰੱਗ-ਅਸਲਾ ਮਡਿਊਲ ਦਾ ਕੀਤਾ ਪਰਦਾਫਾਸ, ਨਜਾਇਜ਼ ਅਸਲੇ ਅਤੇ ਹੈਰੋਇਨ ਸਮੇਤ 2 ਮੁਲਜੀਮਾ ਨੂੰ ਕੀਤਾ ਗ੍ਰਿਫ਼ਤਾਰ.**

- ਸੰਘਣੀ ਧੁੰਦ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰੇਲਗੱਡੀਆਂ ਦੀ ਆਵਾਜਾਈ ਵਿੱਚ ਵਿਘਨ ਪਿਆ ਏ। ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਉਡਾਣਾਂ ਪ੍ਰਭਾਵਿਤ ਹੋਣ ਦੀ ਵੀ ਸੰਭਾਵਨਾ.
- ਕ੍ਰਿਕੇਟ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਪੰਜਵਾਂ ਅਤੇ ਆਖਰੀ twenty -20 ਅੰਤਰਰਾਸ਼ਟਰੀ ਮੈਚ ਅੱਜ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !